# 13. ਗੁਰਭਜਨ ਗਿੱਲ

ਗੁਰਭਜਨ ਗਿੱਲ ਪੰਜਾਬੀ ਕਾਵਿ-ਜਗਤ ਦਾ ਵਿਸ਼ੇਸ਼ ਨਾਂ ਹੈ। ਉਸ ਨੇ ਆਪਣੀਆਂ ਕਾਵਿ-ਰਚਨਾਵਾਂ ਜ਼ਰੀਏ ਜਿੱਥੇ ਆਪਸੀ ਸਾਂਝ ਭਾਈਚਾਰੇ ਨੂੰ ਉਤਸ਼ਾਹਿਤ ਕਰਨ ਦੀ ਕੋਸ਼ਿਸ਼ ਕੀਤੀ, ਉੱਥੇ ਸਮਾਜਕ ਅਲਾਮਤਾਂ ਉੱਤੇ ਵੀ ਕਾਵਿ-ਨਿਸ਼ਾਨਾ ਵਿੰਨ੍ਹਿਆ ਹੈ।

ਗੁਰਭਜਨ ਗਿੱਲ ਦਾ ਜਨਮ 2 ਮਈ 1953 ਨੂੰ ਮਾਤਾ ਤੇਜ਼ ਕੌਰ, ਪਿਤਾ ਹਰਨਾਮ ਸਿੰਘ ਦੇ ਘਰ ਪਿੰਡ ਬਸੰਤਕੋਟ(ਜ਼ਿਲ੍ਹਾ ਗੁਰਦਾਸਪੁਰ) ਵਿਖੇ ਹੋਇਆ। ਉਚੇਰੀ ਪੜ੍ਹਾਈ ਕਰਨ ਉਪਰੰਤ ਉਸ ਨੇ ਕਾਲਜ ਅਧਿਆਪਨ ਦਾ ਕਿੱਤਾ ਅਪਨਾਇਆ ਤੇ ਫਿਰ ਪੰਜਾਬੀ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਆਪਣੀਆਂ ਸੇਵਾਵਾਂ ਦਿੱਤੀਆਂ। ਉਸ ਨੇ ਪੰਜਾਬੀ ਅਕਾਦਮੀ ਲੁਧਿਆਣਾ ਦੀ ਪ੍ਰਧਾਨਗੀ ਦੇ ਨਾਲ-ਨਾਲ ਅਨੇਕਾਂ ਸਾਹਿਤਕ ਸਭਿਆਚਾਰਕ ਸੰਸਥਾਵਾਂ 'ਚ ਯੋਗਦਾਨ ਪਾਇਆ ਤੇ ਪਾ ਰਿਹਾ ਹੈ।

'ਸ਼ੀਸ਼ਾ ਬੋਲਦਾ ਹੈ', 'ਹਰ ਧੁੱਖਦਾ ਪਿੰਡ ਮੇਰਾ ਹੈ', 'ਬੋਲ ਮਿੱਟੀ ਦਿਆ ਬਾਵਿਆ', 'ਅਗਨ ਕਥਾ', 'ਖ਼ੈਰ ਪੰਜਾਂ ਪਾਣੀਆਂ ਦੀ', 'ਧਰਤੀ ਨਾਦ', 'ਫੁੱਲਾਂ ਦੀ ਝਾਂਜਰ', 'ਪਾਰਦਰਸ਼ੀ', 'ਮੋਰ ਪੰਖ', 'ਮਨ ਤੰਦੂਰ' ਆਦਿ ਉਸ ਦੀਆਂ ਪ੍ਰਮੁੱਖ ਕਾਵਿ-ਰਚਨਾਵਾਂ ਹਨ। ਉਸ ਨੇ ਕਵਿਤਾ, ਗ਼ਜ਼ਲ, ਗੀਤ ਆਦਿ ਕਾਵਿ ਰੂਪਾਂ ਉਪਰ ਸਫਲਤਾ ਨਾਲ ਆਪਣੀ ਕਲਮ ਅਜਮਾਈ।

ਉਸ ਦੀ ਕਾਵਿ-ਕਲਾ ਵਿੱਚ ਵਿਸ਼ਾਗਤ ਤੇ ਵਿਧਾਗਤ ਵਿਭਿੰਨਤਾ ਦੇਖਣ ਨੂੰ ਮਿਲਦੀ ਹੈ। ਉਸ ਦੀਆਂ ਕਾਵਿ ਰਚਨਾਵਾਂ ਨੂੰ ਪ੍ਰਸਿਧ ਗਾਇਕਾਂ ਨੇ ਆਵਾਜ਼ ਦਿੱਤੀ ਹੈ।

## ਧੀਆਂ ਦੀਆਂ ਲੋਹੜੀਆਂ (ਗ਼ੀਤ)

ਗਾਈ ਜਾਉ ਭਾਵੇਂ ਤੁਸੀਂ ਵੀਰਾਂ ਦੀਆਂ ਘੋੜੀਆਂ।
ਵੰਡਿਆ ਕਰੋ ਜੀ, ਪਰ, ਧੀਆਂ ਦੀਆਂ ਲੋਹੜੀਆਂ।

ਗੁਰੂਆਂ ਦੇ ਆਖੇ ਸੁੱਚੇ ਬੋਲਾਂ ਨੂੰ ਹੈ ਪਾਲਣਾ।
ਧੀਆਂ ਤੇ ਧਰੇਕਾਂ ਦੀਆਂ ਛਾਵਾਂ ਨੂੰ ਹੈ ਭਾਲਣਾ।
ਇਨ੍ਹਾਂ ਨੇ ਹੀ ਸੁੱਖਾਂ ਸਦਾ ਵੀਰਾਂ ਦੀਆਂ ਲੋੜੀਆਂ।
ਵੰਡਿਆ ਕਰੋ ਜੀ, ਤੁਸੀਂ, ਧੀਆਂ ਦੀਆਂ ਲੋਹੜੀਆਂ।

ਜਿਹੜੇ ਘਰ ਧੀਆਂ ਵਾਲੀ ਠੰਢੀ ਮਿੱਠੀ ਛਾਂ ਨਹੀਂ।
ਓਸ ਘਰ ਰਹਿਮਤਾਂ ਲਈ ਹੁੰਦੀ ਕੋਈ ਥਾਂ ਨਹੀਂ।
ਘਰ ਆਈਆਂ ਦੌਲਤਾਂ ਨਾ ਕਿਸੇ ਘਰੋਂ ਮੋੜੀਆਂ।
ਵੰਡਿਆ ਕਰੋ ਜੀ, ਤੁਸੀ, ਧੀਆਂ ਦੀਆਂ ਲੋਹੜੀਆਂ।

ਪੱਗ ਨਾਲ ਚੁੰਨੀ ਵਿਹੜਾ ਰਲ ਮਿਲ ਮਹਿਕਦਾ।
ਧੀਆਂ ਬਿਨਾਂ ਘਰ ਵੀ ਸਲੀਕੇ ਦੇ ਲਈ ਸਹਿਕਦਾ।
ਸਾਂਝ ਦੀਆਂ ਤੰਦਾਂ ਸਦਾ ਰੱਖੜੀ ਨੇ ਜੋੜੀਆਂ।
ਵੰਡਿਆ ਕਰੋ ਜੀ, ਤੁਸੀਂ, ਧੀਆਂ ਦੀਆਂ ਲੋਹੜੀਆਂ।

ਪਿਆਰ ਪਾਣੀ ਪਾਉ ਇਸ ਜ਼ਿੰਦਗੀ ਦੀ ਵੇਲ ਨੂੰ।
ਫੁੱਲ ਤਾਹੀਓਂ ਲੱਗਣੇ ਨੇ ਚਾਂਦਨੀ ਰਵੇਲ ਨੂੰ।
ਸਦਾ ਪਛਤਾਏ ਜਿੰਨ੍ਹਾਂ ਟਾਹਣੀਆਂ ਨੇ ਤੋੜੀਆਂ।
ਵੰਡਿਆ ਕਰੋ ਜੀ, ਤੁਸੀ, ਧੀਆਂ ਦੀਆਂ ਲੋਹੜੀਆਂ।

(ਧਰੇਕ- ਡੇਕ(ਸੰਘਣੀ ਛਾਂ ਵਾਲਾ ਰੁੱਖ), ਰਹਿਮਤ- ਕਿਰਪਾ, ਸਲੀਕਾ- ਸ਼ਿਸ਼ਟਾਚਾਰ)

## ਆਪਣੀ ਜਾਚੇ (ਗ਼ਜ਼ਲ)

ਆਪਣੀ ਜਾਚੇ ਉਹ ਤਾਂ ਵੱਡੇ ਘਰ ਜਾਂਦਾ ਹੈ।
ਵਿੱਚ ਸਮੁੰਦਰ ਜਾ ਕੇ ਦਰਿਆ ਮਰ ਜਾਂਦਾ ਹੈ।

ਗਰਦਨ ਸਿੱਧੀ ਰੱਖਣ ਦਾ ਮੁੱਲ ਤਾਰ ਰਹੇ ਹਾਂ,
ਬੇਸ਼ਰਮਾਂ ਦਾ ਨੀਵੀਂ ਪਾ ਕੇ ਸਰ ਜਾਂਦਾ ਹੈ।

ਇਹ ਜੋ ਆਤਿਸ਼ਬਾਜ਼ੀ ਸਾਨੂੰ ਵੇਚ ਰਿਹਾ ਏ,
ਅਪਣੀ ਚੀਚੀ ਝੁਲਸ ਜਾਣ ਤੇ ਡਰ ਜਾਂਦਾ ਹੈ।

'ਅੱਤ' ਨੂੰ ਅੰਤ ਬਣਾਵੇ ਆਖ਼ਰ ਕਹਿਰ ਖ਼ੁਦਾਈ,
ਜਬਰ ਜਰਦਿਆਂ ਸਬਰ ਪਿਆਲਾ ਭਰ ਜਾਂਦਾ ਹੈ।

ਮਾਂ ਬੋਲੀ, ਮਾਂ ਜਣਨੀ, ਧਰਤੀ ਮਾਤਾ ਕੋਲੋਂ,
ਟੁੱਟ ਕੇ ਬੰਦਾ, ਮਰਦਾ-ਮਰਦਾ ਮਰ ਜਾਂਦਾ ਹੈ।

ਬਹੁਤੀ ਵਾਰੀ ਜਾਗਦਿਆਂ ਨਹੀਂ ਹਿੰਮਤ ਪੈਂਦੀ,
ਸੁਪਨੇ ਅੰਦਰ ਜੋ ਕੁਝ ਬੰਦਾ ਕਰ ਜਾਂਦਾ ਹੈ।

## ਜੇ ਤੁਰਿਐ (ਗ਼ਜ਼ਲ)

ਜੇ ਤੁਰਿਐ ਆਪਣੇ ਤੋਂ ਪਾਰ ਜਾਵੀਂ।
ਸਦੀਵੀ ਜਿੱਤ ਖ਼ਾਤਰ ਹਾਰ ਜਾਵੀਂ।
ਜੁਰਾਬਾਂ ਵਾਂਗ ਲਾਹ ਲਈ ਰੁਤਬਿਆਂ ਨੂੰ,

ਜਦੋਂ ਵੀ ਰੂਹ ਦੇ ਦਰਬਾਰ ਜਾਵੀਂ।

ਜੇ ਤਰਨਾ ਜਾਣਦਾ ਨਹੀਂ ਫੇਰ ਸੁਣ ਲੈ,
ਨਦੀ ਦੇ ਨਾ ਕਦੇ ਵਿੱਚਕਾਰ ਜਾਵੀਂ।

ਵਰ੍ਹੀਂ ਘਨਘੋਰ ਬੱਦਲ ਬਣ ਕੇ ਏਨਾ,
ਤੂੰ ਬਲਦੇ ਹਿਰਦਿਆਂ ਨੂੰ ਠਾਰ ਜਾਵੀਂ।

ਕਦੇ ਵੀ ਜਿਸਮ ਨੂੰ ਮਿਲ ਕੇ ਨਾ ਪਰਤੀ,
ਜਦੋਂ ਜਾਵੇ ਤਾਂ ਰੂਹ ਦੇ ਪਾਰ ਜਾਵੀਂ।

ਸਮਾਂ ਜੇ ਜਾਗਦੇ ਮਿਲਦਾ ਨਹੀਂ ਤਾਂ,
ਕਦੇ ਸੁਪਨੇ 'ਚ ਗੇੜਾ ਮਾਰ ਜਾਵੀਂ।

ਜੇ ਅਨਹਦ ਨਾਦ, ਚਾਹੇਂ ਰੂਹ 'ਚ ਗੂੰਜੇ,
ਸਦੀਵੀਂ ਚੁੱਪ ਨੂੰ ਟੁਣਕਾਰ ਜਾਵੀਂ।

## ਅਭਿਆਸ ਪ੍ਰਸ਼ਨ

1. ਹੇਠ ਲਿਖੇ ਕਾਵਿ ਬੰਦਾਂ ਦੀ ਪ੍ਰਸੰਗ ਸਹਿਤ ਵਿਆਖਿਆ ਕਰੋ।

(ੳ) ਗੁਰੂਆਂ ਦੇ ਆਖੇ ਸੁੱਚੇ ਬੋਲਾਂ ਨੂੰ ਹੈ ਪਾਲਣਾ।
ਧੀਆਂ ਤੇ ਧਰੇਕਾਂ ਦੀਆਂ ਛਾਵਾਂ ਨੂੰ ਹੈ ਭਾਲਣਾ।
ਇੰਨ੍ਹਾਂ ਨੇ ਹੀ ਸੁੱਖਾਂ ਸਦਾ ਵੀਰਾਂ ਦੀਆਂ ਲੋੜੀਆਂ।
ਵੰਡਿਆ ਕਰੋ ਜੀ, ਤੁਸੀਂ, ਧੀਆਂ ਦੀਆਂ ਲੋਹੜੀਆਂ।

(ਅ) ਜੇ ਤੁਰਿਐ ਆਪਣੇ ਤੋਂ ਪਾਰ ਜਾਵੀਂ।
ਸਦੀਵੀਂ ਜਿੱਤ ਖ਼ਾਤਰ ਹਾਰ ਜਾਵੀਂ।
ਜੁਰਾਬਾਂ ਵਾਂਗ ਲਾਹ ਲਈ ਰੁਤਬਿਆਂ ਨੂੰ,
ਜਦੋਂ ਵੀ ਰੂਹ ਦੇ ਦਰਬਾਰ ਜਾਵੀਂ।

2. 'ਤੂੰ ਬਲਦਿਆਂ ਹਿਰਦਿਆਂ ਨੂੰ ਠਾਰ ਜਾਵੀਂ' ਤੁਕ ਵਿੱਚ ਕਵੀ ਕਿਹੜੇ ਬਲਦੇ ਹਿਰਦਿਆਂ ਨੂੰ ਠਾਰਨ ਦੀ ਗੱਲ ਕਰਦਾ ਹੈ। 'ਜੇ ਤੁਰਿਐ' ਗ਼ਜ਼ਲ ਦੇ ਆਧਾਰ 'ਤੇ ਦੱਸੋ।

3. 'ਗਰਦਨ ਸਿੱਧੀ ਰੱਖਣ ਦਾ ਮੁੱਲ ਤਾਰ ਰਹੇ ਹਾਂ।' ਤੁਕ ਕਿਸ ਪ੍ਰਸੰਗ ਵਿੱਚ ਆਈ ਹੈ। 'ਆਪਣੀ ਜਾਚੇ' ਗ਼ਜ਼ਲ ਦੇ ਆਧਾਰ 'ਤੇ ਬਿਆਨ ਕਰੋ।

4. 'ਧੀਆਂ ਦੀਆਂ ਲੋਹੜੀਆਂ' ਕਾਵਿ ਰਚਨਾ ਰਾਹੀਂ ਕਵੀ ਕੀ ਸੁਨੇਹਾ ਦਿੰਦਾ ਹੈ ?

5. 'ਆਪਣੀ ਜਾਚੇ' ਗ਼ਜ਼ਲ ਵਿੱਚ ਆਏ ਵਿਚਾਰਾਂ ਨੂੰ ਬਿਆਨ ਕਰੋ ?